ਮਿਤੀ 25 ਨਵੰਬਰ 2021 ਨੂੰ ਕਲਮ ਪੰਜਾਬੀ ਸਾਹਿਤ ਸਭਾ ਵੱਲੋਂ ਓਰਿਏਟੇਸ਼ਨ ਪ੍ਰੋਗਰਾਮ ਕਰਵਾਇਆ ਗਿਆ।ਇਸ ਪ੍ਰੋਗਰਾਮ ਵਿਚ ਨਵੇਂ ਵਿਦਿਆਰਥੀ ਆਂ ਦਾ ਸਵਾਗਤ ਕਰਦੇ ਹੋਏ ਨੈਕ ਦੀਆਂ ਗਤੀਵਿਧੀਆਂ ਬਾਰੇ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ਗਿਆ।ਵਿ ਭਾਗ ਦੇ ਅਧਿਆਪਕ ਡਾ. ਭੁਪਿੰਦਰਪਾਲ ਸਿੰਘ ਬਖਸ਼ੀ ਨੇ ਨਵੇਂ ਵਿਦਿਆਰਥੀਆਂ ਨੂੰ ਪੰਜਾਬੀ ਵਿਸ਼ੇ ਬਾਰੇ ਜਾਣਕਾਰੀ ਦਿੰਦਿਆਂ ਹੋਇਆਂ ਰੁਜ਼ਗਾਰ ਦੇ ਮੌਕਿਆਂ ਤੋਂ ਵੀ ਜਾਣੂ ਕਰਵਾਇਆ ।ਉਨ੍ਹਾਂ ਨੇ ਕਿਹਾ ਕਿ ਪੰਜਾਬੀ ਵਿਸ਼ਾ ਲੈ ਕੇ ਵੀ ਵਿਦਿਆਰਥੀ ਦੁਨੀਆਂ ਦੇ ਹਰ ਖੇਤਰ ਵਿੱਚ ਨੌਕਰੀ ਪ੍ਰਾਪਤ ਕਰ ਸਕਦਾ ਹੈ। ਵਿਭਾਗ ਦੀ ਅਧਿਆਪਕਾ ਡਾ. ਵਿਨੈਨੀਤ ਕੌਰ ਨੇ ਨਵੇਂ ਵਿਦਿਆਰਥੀਆਂ ਨੂੰ ਨੈਕ ਦੀਆਂ ਗਤੀਵਿਧੀਆਂ ਬਾਰੇ ਜਾਣੂ ਕਰਵਾਇਆ।ਉਨ੍ਹਾਂ ਨੇ ਦੱਸਿਆ ਕਿ ਕਾਲਜ ਵਿਚ ਵੱਖ ਵੱਖ ਤਰ੍ਹਾਂ ਦੀਆਂ ਸੁਸਾਇਟੀ ਹਨ ਜਿਸ ਵਿੱਚ ਵਿਦਿਆਰਥੀ ਭਾਗ ਲੈ ਸਕਦੇ ਹਨ ਅਤੇ ਇਨਾਮ ਵੀ ਪ੍ਰਾਪਤ ਕਰ ਸਕਦੇ ਹਨ ।ਕਾਲਜ ਵਿਚ ਕਈ ਤਰ੍ਹਾਂ ਦੇ ਪ੍ਰੋਗਰਾਮ ਕਰਵਾਏ ਜਾਂਦੇ ਹਨ ।ਇਹ ਪ੍ਰੋਗਰਾਮ ਨਾ ਕੇਵਲ ਕਾਲਜ ਦੀ ਪੱਧਰ ਤੇ ਬਲਕਿ ਅੰਤਰਰਾਸ਼ਟਰੀ ਪੱਧਰ ਤੇ ਵੀ ਕਰਵਾਏ ਜਾਂਦੇ ਹਨ ।ਵਿਭਾਗ ਦੇ ਦੂਜੇ ਅਧਿਆਪਕਾਂ ਡਾ ਬੇਅੰਤ ਕੌਰ, ਡਾ ਪਰਮਜੀਤ ਕੌਰ ,ਡਾ ਬਲਜਿੰਦਰ ਸਿੰਘ ਚੌਹਾਨ ,ਡਾ ਭੁਪਿੰਦਰਪਾਲ ਸਿੰਘ ਬਖਸ਼ੀ ,ਡਾ ਪਰਮਜੀਤ ਕੌਰ ਕੰਬੋਜ ਨੇ ਵੀ ਨਵੇਂ ਵਿਦਿਆਰਥੀਆਂ ਦਾ ਸੁਆਗਤ ਕੀਤਾ ।